**All India Inter-Varsity Gatka Men  Championship Session 2023-24**

Our College Gatka Player Jaskaran Singh  Won Silver  Medals  in All India Inter-varsity Gatka Men  Championship which is held at Technical University Bhopal (M.P)on dated 08-03-2024 to 12-03-2024 and Karanveer  Singh also represent this Competition. Gatka Player Jaskaran Singh was honored by College Principal Dr. Jasvir Singh and Department of Physical Education & Sports.





# ਖਾਲਸਾ ਕਾਲਜ ਦੇ ਵਿਦਿਆਰਥੀ ਨੇ ਕੀਤਾ ਕਾਲਜ ਦਾ ਨਾਮ ਰੋਸ਼ਨ

## ਆਲ ਇੰਡੀਆ ਇੰਟਰਵਰਸਿਟੀ ਗੱਤਕਾ ਚੈਂਪੀਅਨਸ਼ਿਪ 'ਚ ਜਿੱਤਿਆ ਚਾਂਦੀ ਦਾ ਤਗਮਾ



**ਆਜ਼ਾਦ ਸੋਚ, ਅੰਕੁਸ਼ ਕੁਮਾਰ, ਸ੍ਰੀ ਅਨੰਦਪੁਰ ਸਾਹਿਬ, 14 ਮਾਰਚ :**

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਅਧੀਨ ਚੱਲ ਰਹੀ ਇਲਾਕੇ ਦੀ ਨਾਮਵਰ ਵਿਦਿਅਕ ਸੰਸਥਾ ਸ੍ਰੀ ਗੁਰੂ ਤੇਗ ਬਹਾਦਰ ਖਾਲਸਾ ਕਾਲਜ ਦੇ ਕੰਪਿਊਟਰ ਸਾਇੰਸ ਵਿਭਾਗ ਦੇ ਵਿਦਿਆਰਥੀ ਜਸਕਰਣ ਸਿੰਘ ਨੇ ਆਲ ਇੰਡੀਆ ਇੰਟਰਵਰਸਿਟੀ ਗੱਤਕਾ ਚੈਂਪੀਅਨਸ਼ਿਪ ਵਿੱਚ ਸਿੰਗਲ ਸੋਟੀ 'ਚ ਚਾਂਦੀ ਦਾ ਤਗਮਾ ਪ੍ਰਾਪਤ ਕਰਕੇ ਕਾਲਜ ਅਤੇ ਇਲਾਕੇ ਦਾ ਨਾਮ ਰੋਸ਼ਨ ਕੀਤਾ ਹੈ। ਇਹ ਆਲ ਇੰਡੀਆ ਇੰਟਰਵਰਸਿਟੀ ਲਕਸ਼ਮੀ ਨਰਾਇਣ ਕਾਲਜ ਆਫ ਟੈਕਨੀਕਲ ਯੂਨੀਵਰਸਿਟੀ ਭੁਪਾਲ ਵਿਖੇ ਕਰਵਾਈ ਗਈ ਸੀ। ਜਿਸ ਵਿੱਚ ਪੰਜਾਬ ਤੋਂ ਵੱਖ-ਵੱਖ ਯੂਨੀਵਰਸਿਟੀਆਂ ਦੇ ਵਿਦਿਆਰਥੀਆਂ ਨੇ ਭਾਗ ਲਿਆ। ਆਲ ਇੰਡੀਆ ਇੰਟਰਵਰਸਿਟੀ ਗੱਤਕਾ ਚੈਂਪੀਅਨਸ਼ਿਪ ਵਿੱਚ ਮੈਡਲ ਜਿੱਤ ਕੇ ਕਾਲਜ ਆਉਣ 'ਤੇ ਕਾਲਜ ਵੱਲੋਂ ਵਿਦਿਆਰਥੀ ਦਾ ਸਨਮਾਨ ਕੀਤਾ ਗਿਆ।ਇਸ ਮੌਕੇ ਕਾਲਜ ਪ੍ਰਿੰਸੀਪਲ ਡਾ. ਜਸਵੀਰ ਸਿੰਘ ਨੇ ਜਸਕਰਣ ਸਿੰਘ ਨੂੰ ਸਨਮਾਨਿਤ ਕਰਦਿਆਂ ਕਿਹਾ ਕਿ ਇਹ ਸਾਡੇ ਲਈ ਅਤੇ ਪੂਰੇ ਇਲਾਕੇ ਲਈ ਬਹੁਤ ਮਾਣ ਵਾਲੀ ਗੱਲ ਹੈ ਕਿ ਅਜਿਹੇ ਖਿਡਾਰੀ ਜੋ ਰਾਸ਼ਟਰੀ ਪੱਧਰ ਉੱਪਰ ਆਪਣਾ ਅਤੇ ਆਪਣੇ ਇਲਾਕੇ ਦਾ ਨਾਮ ਰੋਸ਼ਨ ਕਰ ਰਹੇ ਹਨ। ਜਿੱਥੇ ਉਹਨਾਂ ਨੇ ਵਿਦਿਆਰਥੀ ਦੇ ਮੈਡਲ ਜਿੱਤ ਕੇ ਕਾਲਜ ਆਣ 'ਤੇ ਖੁਸ਼ੀ ਜਾਹਿਰ ਕੀਤੀ। ਉੱਥੇ ਹੀ ਉਹਨਾਂ ਨੇ ਗੱਤਕਾ ਟੀਮ ਦੇ ਇੰਚਾਰਜ ਮੈਡਮ ਮਨਦੀਪ ਕੌਰ ਲਾਇਬ੍ਰੇਰੀਅਨ ਨੂੰ ਵੀ ਮੁਬਾਰਕਬਾਦ ਕਿਹਾ।ਇਸ ਮੌਕੇ ਸਰੀਰਕ ਸਿੱਖਿਆ ਵਿਭਾਗ ਦੇ ਮੁਖੀ ਪ੍ਰੋ. ਅਸ਼ੋਕ ਕੁਮਾਰ, ਪ੍ਰੋ. ਰਣਵੀਰ ਕੌਰ ਅਤੇ ਸ. ਗੁਰਦੇਵ ਸਿੰਘ ਵਿਸ਼ੇਸ਼ ਤੌਰ ਤੇ ਹਾਜ਼ਰ ਸਨ।

# ਖਾਲਸਾ ਕਾਲਜ ਦੇ ਵਿਦਿਆਰਥੀ ਨੇ ਕੀਤਾ ਕਾਲਜ ਦਾ ਨਾਮ ਰੋਸ਼ਨ

## ਆਲ ਇੰਡੀਆ ਇੰਟਰਵਰਸਟੀ ਗੱਤਕਾ ਚੈਂਪੀਅਨਸ਼ਿਪ ਚ ਜਿੱਤਿਆ ਚਾਂਦੀ ਦਾ ਤਗਮਾ



**ਸਭ ਦਾ ਸਾਂਝਾ** ਸ੍ਰੀ ਅਨੰਦਪੁਰ ਸਾਹਿਬ, ਮਾਰਚ (ਚਾਨਾ) ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਅਧੀਨ ਚੱਲ ਰਹੀ ਇਲਾਕੇ ਦੀ ਨਾਮਵਰ ਵਿਦਿਅਕ ਸੰਸਥਾ ਸ੍ਰੀ ਗੁਰੂ ਤੇਗ ਬਹਾਦਰ ਖਾਲਸਾ ਕਾਲਜ ਦੇ ਕੰਪਿਊਟਰ ਸਾਇੰਸ ਵਿਭਾਗ ਦੇ ਵਿਦਿਆਰਥੀ ਜਸਕਰਣ ਸਿੰਘ ਨੇ ਆਲ ਇੰਡੀਆ ਇੰਟਰਵਰਸਟੀ ਗੱਤਕਾ ਚੈਂਪੀਅਨਸ਼ਿਪ ਵਿੱਚ ਸਿੰਗਲ ਸੋਟੀ ਚ ਚਾਂਦੀ ਦਾ ਤਗਮਾ ਪ੍ਰਾਪਤ ਕਰਕੇ ਕਾਲਜ ਅਤੇ ਇਲਾਕੇ ਦਾ ਨਾਮ ਰੋਸ਼ਨ ਕੀਤਾ ਹੈ। ਇਹ ਆਲ ਇੰਡੀਆ ਇੰਟਰਵਸਟੀ ਲਕਸ਼ਮੀ ਨਰਾਇਣ ਕਾਲਜ ਆਫ ਟੈਕਨੀਕਲ ਯੂਨੀਵਰਸਿਟੀ ਭੁਪਾਲ ਵਿਖੇ ਕਰਵਾਈ ਗਈ ਸੀ। ਜਿਸ ਵਿੱਚ ਪੰਜਾਬ ਤੋਂ ਵੱਖ-ਵੱਖ ਯੂਨੀਵਰਸਿਟੀਆਂ ਦੇ ਵਿਦਿਆਰਥੀਆਂ ਨੇ ਭਾਗ ਲਿਆ। ਆਲ ਇੰਡੀਆ ਇੰਟਰਵਰਸਟੀ ਗੱਤਕਾ ਚੈਂਪੀਅਨਸ਼ਿਪ ਵਿੱਚ ਮੈਡਲ ਜਿੱਤ ਕੇ ਕਾਲਜ ਆਉਣ ਤੇ ਕਾਲਜ ਵੱਲੋਂ ਵਿਦਿਆਰਥੀ ਦਾ ਸਨਮਾਨ ਕੀਤਾ ਗਿਆ।ਇਸ ਮੌਕੇ ਕਾਲਜ ਪ੍ਰਿੰਸੀਪਲ ਡਾ. ਜਸਵੀਰ ਸਿੰਘ ਨੇ ਜਸਕਰਣ ਸਿੰਘ ਨੂੰ ਸਨਮਾਨਿਤ ਕਰਦਿਆਂ ਕਿਹਾ ਕਿ ਇਹ ਸਾਡੇ ਲਈ ਅਤੇ ਪੂਰੇ ਇਲਾਕੇ ਲਈ ਬਹੁਤ ਮਾਣ ਵਾਲੀ ਗੱਲ ਹੈ ਕਿ ਅਜਿਹੇ ਖਿਡਾਰੀ ਜੋ ਰਾਸ਼ਟਰੀ ਪੱਧਰ ਉੱਪਰ ਆਪਣਾ ਅਤੇ ਆਪਣੇ ਇਲਾਕੇ ਦਾ ਨਾਮ ਰੋਸ਼ਨ ਕਰ ਰਹੇ ਹਨ। ਜਿੱਥੇ ਉਹਨਾਂ ਨੇ ਵਿਦਿਆਰਥੀ ਦੇ ਮੈਡਲ ਜਿੱਤ ਕੇ ਕਾਲਜ ਆਣ ਤੇ ਖੁਸ਼ੀ ਜਾਹਿਰ ਕੀਤੀ। ਉੱਥੇ ਹੀ ਉਹਨਾਂ ਨੇ ਗੱਤਕਾ ਟੀਮ ਦੇ ਇੰਚਾਰਜ ਮੈਡਮ ਮਨਦੀਪ ਕੌਰ ਲਾਇਬ੍ਰੇਰੀਅਨ ਨੂੰ ਵੀ ਮੁਬਾਰਕਬਾਦ ਕਿਹਾ।ਇਸ ਮੌਕੇ ਸਰੀਰਕ ਸਿੱਖਿਆ ਵਿਭਾਗ ਦੇ ਮੁਖੀ ਪ੍ਰੋ. ਅਸ਼ੋਕ ਕੁਮਾਰ, ਪ੍ਰੋ. ਰਣਵੀਰ ਕੌਰ ਅਤੇ ਸ. ਗੁਰਦੇਵ ਸਿੰਘ ਵਿਸ਼ੇਸ਼ ਤੌਰ ਤੇ ਹਾਜ਼ਰ ਸਨ।

# ਖਾਲਸਾ ਕਾਲਜ ਦੇ ਵਿਦਿਆਰਥੀ ਨੇ ਕੀਤਾ ਕਾਲਜ ਦਾ ਨਾਮ ਰੋਸ਼ਨ

## ਆਲ ਇੰਡੀਆ ਇੰਟਰਵਸਟੀ ਗੱਤਕਾ ਚੈਂਪੀਅਨਸ਼ਿਪ 'ਚ ਜਿੱਤਿਆ ਚਾਂਦੀ ਦਾ ਤਗਮਾ



ਸ੍ਰੀ ਅਨੰਦਪੁਰ ਸਾਹਿਬ 14 ਮਾਰਚ (ਸੈਣੀ ਨਿੱਕੂਵਾਲ /ਰਾਣਾ ਹਰੀਵਾਲ) ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਅਧੀਨ ਚੱਲ ਰਹੀ ਇਲਾਕੇ ਦੀ ਨਾਮਵਰ ਵਿਦਿਅਕ ਸੰਸਥਾ ਸ੍ਰੀ ਗੁਰੂ ਤੇਗ ਬਹਾਦਰ ਖਾਲਸਾ ਕਾਲਜ ਦੇ ਕੰਪਿਊਟਰ ਸਾਇੰਸ ਵਿਭਾਗ ਦੇ ਵਿਦਿਆਰਥੀ ਜਸਕਰਣ ਸਿੰਘ ਨੇ ਆਲ ਇੰਡੀਆ ਇੰਟਰਵਸਟੀ ਗੱਤਕਾ ਚੈਂਪੀਅਨਸ਼ਿਪ ਵਿੱਚ ਸਿਗਲ ਸੋਟੀ 'ਚ ਚਾਂਦੀ ਦਾ ਤਗਮਾ ਪ੍ਰਾਪਤ ਕਰਕੇ ਕਾਲਜ ਅਤੇ ਇਲਾਕੇ ਦਾ ਨਾਮ ਰੋਸ਼ਨ ਕੀਤਾ ਹੈ। ਇਹ ਆਲ ਇੰਡੀਆ ਇੰਟਰਵਸਟੀ ਲਕਸ਼ਮੀ ਨਰਾਇਣ ਕਾਲਜ ਆਫ ਟੈਕਨੀਕਲ ਯੂਨੀਵਰਸਿਟੀ ਭੁਪਾਲ ਵਿਖੇ ਕਰਵਾਈ ਗਈ ਸੀ। ਜਿਸ ਵਿੱਚ ਪੰਜਾਬ ਤੋਂ ਵੱਖ-ਵੱਖ ਯੂਨੀਵਰਸਿਟੀਆਂ ਦੇ ਵਿਦਿਆਰਥੀਆਂ ਨੇ ਭਾਗ ਲਿਆ। ਆਲ ਇੰਡੀਆ ਇੰਟਰਵਸਟੀ ਗੱਤਕਾ ਚੈਂਪੀਅਨਸ਼ਿਪ ਵਿੱਚ ਮੈਡਲ ਜਿੱਤ ਕੇ ਕਾਲਜ ਆਉਣ 'ਤੇ ਕਾਲਜ ਵੱਲੋਂ ਵਿਦਿਆਰਥੀ ਦਾ ਸਨਮਾਨ ਕੀਤਾ ਗਿਆ।ਇਸ ਮੌਕੇ ਕਾਲਜ ਪ੍ਰਿੰਸੀਪਲ ਡਾ. ਜਸਵੀਰ ਸਿੰਘ ਨੇ ਜਸਕਰਣ ਸਿੰਘ ਨੂੰ ਸਨਮਾਨਿਤ ਕਰਦਿਆਂ ਕਿਹਾ ਕਿ ਇਹ ਸਾਡੇ ਲਈ ਅਤੇ ਪੂਰੇ ਇਲਾਕੇ ਲਈ ਬਹੁਤ ਮਾਣ ਵਾਲੀ ਗੱਲ ਹੈ ਕਿ ਅਜਿਹੇ ਖਿਡਾਰੀ ਜੋ ਰਾਸ਼ਟਰੀ ਪੱਧਰ ਉੱਪਰ ਆਪਣਾ ਅਤੇ ਆਪਣੇ ਇਲਾਕੇ ਦਾ ਨਾਮ ਰੋਸ਼ਨ ਕਰ ਰਹੇ ਹਨ। ਜਿੱਥੇ ਉਹਨਾਂ ਨੇ ਵਿਦਿਆਰਥੀ ਦੇ ਮੈਡਲ ਜਿੱਤ ਕੇ ਕਾਲਜ ਆਣ 'ਤੇ ਖੁਸ਼ੀ ਜਾਹਿਰ ਕੀਤੀ। ਉੱਥੇ ਹੀ ਉਹਨਾਂ ਨੇ ਗੱਤਕਾ ਟੀਮ ਦੇ ਇਚਾਰਜ ਮੈਡਮ ਮਨਦੀਪ ਕੌਰ ਲਾਇਬ੍ਰੇਰੀਅਨ ਨੂੰ ਵੀ ਮੁਬਾਰਕਬਾਦ ਕਿਹਾ।ਇਸ ਮੌਕੇ ਸਰੀਰਕ ਸਿੱਖਿਆ ਵਿਭਾਗ ਦੇ ਮੁਖੀ ਪ੍ਰੋ. ਅਸ਼ੋਕ ਕੁਮਾਰ, ਪ੍ਰੋ. ਰਣਵੀਰ ਕੌਰ ਅਤੇ ਸ. ਗੁਰਦੇਵ ਸਿੰਘ ਵਿਸ਼ੇਸ਼ ਤੌਰ ਤੇ ਹਾਜ਼ਰ ਸਨ।

ਮਾਲਵਾ ਬਾਣੀ
epaper.malwabani.com
15 Mar 2024 - Page 4